Punjab Government Gazette

Published by Authority

No. 37] CHANDIGARH, FRIDAY, SEPTEMBER 12, 2025 (BHADRA 21, 1947 SAKA)

PART I

Punjab Government Notifications and Orders

ਪੰਜਾਬ ਸਰਕਾਰ

ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ

(ਇਮਾਰਤਾਂ ਤੇ ਸੜਕਾਂ-2 ਸ਼ਾਖਾ)

ਹੁਕਮ

ਨੰ .-WSSD-BR203/16/2023-6BR2/I/1187719/2025.- ਸ਼੍ਰੀ ਅੰਮ੍ਰਿਤਪਾਲ ਸਿੰਘ, ਉਪ ਮੰਡਲ ਇੰਜੀਨੀਅਰ (ਸੀਨੀਅਰਤਾ ਨੰਬਰ 633/1089- ਡਿਪਲੋਮਾ ਹੋਲਡਰ) (HRMS-200928) ਜਲ ਸਪਲਾਈ ਅਤੇ ਸੈਨੀਟੇਸ਼ਨ ਉਪ ਮੰਡਲ ਨੰ. 8, ਐਸ.ਏ.ਐਸ.ਨਗਰ, ਮੋਹਾਲੀ ਦੀ 58 ਸਾਲ ਦੀ ਉਮਰ ਪੂਰੀ ਹੋਣ ਤੇ ਅਧਿਕਾਰੀ ਨੂੰ ਪੰਜਾਬ ਸਿਵਲ ਸੇਵਾਵਾਂ ਨਿਯਮਾਂਵਲੀ ਜਿਲਦ-1 ਭਾਗ-1 ਦੇ ਨਿਯਮ 3.26 ਅਧੀਨ ਮਿਤੀ 31.08.2025 (ਬਾ.ਦੁ.) ਤੋਂ ਸਰਕਾਰੀ ਸੇਵਾ ਤੋਂ ਸੇਵਾ ਨਿਵਿਰਤ ਕੀਤਾ ਜਾਂਦਾ ਹੈ।

2. ਇਸ ਤੋਂ ਇਲਾਵਾ ਅਧਿਕਾਰੀ ਵਿਰੁੱਧ ਜੇਕਰ ਕੋਈ ਕ੍ਰੀਮੀਨਲ, ਸਿਵਲ ਕੇਸ, ਵਿਜੀਲੈਂਸ ਕੇਸ ਜਾਂ ਅਨੁਸ਼ਾਸਨੀ ਕਾਰਵਾਈ ਦਾ ਮਾਮਲਾ ਧਿਆਨ ਵਿਚ ਆਉਂਦਾ ਹੈ ਤਾਂ ਅਧਿਕਾਰੀ ਵਿਰੁੱਧ ਪੰਜਾਬ ਸਿਵਲ ਸੇਵਾਵਾਂ ਨਿਯਮਾਂਵਲੀ ਭਾਗ 2 ਦੇ ਨਿਯਮ 2.2 (ਬੀ) ਅਧੀਨ ਕਾਰਵਾਈ ਕੀਤੀ ਜਾ ਸਕਦੀ ਹੈ।

3. ਅਧਿਕਾਰੀ ਦੀ ਰਿਟਾਇਰਮੈਂਟ ਉਪਰੰਤ ਜਲ ਸਪਲਾਈ ਅਤੇ ਸੈਨੀਟੇਸ਼ਨ ਉਪ ਮੰਡਲ ਨੰ. 8, ਐਸ.ਏ.ਐਸ.ਨਗਰ, ਮੋਹਾਲੀ ਦਾ ਵਾਧੂ ਚਾਰਜ ਸ਼੍ਰੀ ਕਰਮਜੀਤ ਸਿੰਘ, ਉਪ ਮੰਡਲ ਇੰਜੀਨੀਅਰ, ਜਸਸ ਉਪ ਮੰਡਲ ਡੇਰਾਬਸੀ ਨੂੰ ਦਿੱਤਾ ਜਾਂਦਾ ਹੈ। ਇਸ ਵਾਧੂ ਚਾਰਜ ਦੇ ਬਦਲੇ ਅਧਿਕਾਰੀ ਨੂੰ ਕੋਈ ਵੀ ਵਾਧੂ ਵਿੱਤੀ ਲਾਭ ਮਿਲਣਯੋਗ ਨਹੀਂ ਹੋਣਗੇ।

ਪਲਵੀ, ਆਈ.ਏ.ਐਸ.,
ਵਿਸ਼ੇਸ਼ ਸਕੱਤਰ, ਪੰਜਾਬ ਸਕੱਤਰ,
ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ।

ਚੰਡੀਗੜ੍ਹ
ਮਿਤੀ 13 ਅਗਸਤ, 2025

3495/9-2025/Pb.Govt.Press, S.A.S. Nagar